# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 15-06-2024**

ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ UGC ਨੇ ਕਿਹਾ ਏ ਕਿ ਸਾਰੇ ਰੱਦ ਕੀਤੇ ਦਾਖਲੇ ਜਾਂ ਮਾਈਗ੍ਰੇਸ਼ਨ ਦੀ ਸਥਿਤੀ ਵਿੱਚ ਉੱਚ ਸਿੱਖਿਆ ਸੰਸਥਾਵਾਂ ਨੂੰ, 30 ਸਤੰਬਰ ਤੱਕ ਪੂਰੀ ਫੀਸ ਵਾਪਸ ਕਰਨੀ ਹੋਵੇਗੀ। ਕਮਿਸ਼ਨ ਦੀ ਇਹ ਨੀਤੀ ਮੌਜੂਦਾ ਅਕਾਦਮਿਕ ਸੈਸ਼ਨ ਲਈ ਏ। ਕਮਿਸ਼ਨ ਨੇ ਇਹ ਕਦਮ ਨਾਮਜ਼ਦਗੀ ਵਾਪਸ ਲੈਣ ਦੀ ਸੂਰਤ ਵਿੱਚ ਦਾਖਲਾ ਰੱਦ ਕਰਨ ਜਾਂ ਫੀਸ ਵਾਪਸ ਕਰਨ ਸਬੰਧੀ, ਵਿਦਿਆਰਥੀਆਂ ਅਤੇ ਮਾਪਿਆਂ ਦੀਆਂ ਸ਼ਿਕਾਇਤਾਂ ਦੇ ਮੱਦੇਨਜ਼ਰ ਚੁੱਕਿਆ ਏ। ਇਹ ਨੀਤੀ ਕੇਂਦਰੀ ਜਾਂ ਰਾਜ ਐਕਟਾਂ ਦੇ ਅਧੀਨ ਸਾਰੀਆਂ ਉੱਚ ਸਿੱਖਿਆ ਸੰਸਥਾਵਾਂ, ਕਮਿਸ਼ਨ ਦੁਆਰਾ ਮਾਨਤਾ ਪ੍ਰਾਪਤ ਸੰਸਥਾਵਾਂ, ਡੀਮਡ ਯੂਨੀਵਰਸਿਟੀਆਂ ਅਤੇ ਦਾਖਲਾ ਕਾਉਂਸਲਿੰਗ ਵਿੱਚ ਸ਼ਾਮਲ ਸੰਸਥਾਵਾਂ 'ਤੇ ਲਾਗੂ ਹੋਵੇਗੀ। ਕਮਿਸ਼ਨ ਨੇ ਇਹ ਵੀ ਕਿਹਾ ਕਿ ਇਸ

ਸਾਲ 30 ਸਤੰਬਰ ਤੋਂ 31 ਅਕਤੂਬਰ ਤੱਕ ਰਿਫੰਡ ਜਾਰੀ ਕੀਤੇ ਜਾਣਗੇ ਅਤੇ ਪ੍ਰੋਸੈਸਿੰਗ ਫੀਸ ਵਜੋਂ ਵੱਧ ਤੋਂ ਵੱਧ ਇਕ ਹਜ਼ਾਰ ਰੁਪਏ ਦੀ ਕਟੌਤੀ ਕੀਤੀ ਜਾ ਸਕਦੀ ਏ । 31 ਅਕਤੂਬਰ ਤੋਂ ਬਾਅਦ ਦਾਖਲਿਆਂ ਲਈ ਅਕਤੂਬਰ-2018 ਦੀਆਂ ਵਿਵਸਥਾਵਾਂ ਲਾਗੂ ਹੋਣਗੀਆਂ। ਕਮਿਸ਼ਨ ਨੇ ਕਿਹਾ ਈ ਕਿ ਇਸ ਨੀਤੀ ਦੀ ਉਲੰਘਣਾ ਕਰਨ ਵਾਲੇ ਅਦਾਰਿਆਂ ਖ਼ਿਲਾਫ਼ ਸਜ਼ਾਯੋਗ ਕਾਰਵਾਈ ਕੀਤੀ ਜਾਵੇਗੀ।

------------------------------------------------------------------

21 ਜੂਨ ਨੂੰ 10ਵੇਂ ਕੌਮਾਂਤਰੀ ਯੋਗ ਦਿਵਸ ਤੋਂ ਪਹਿਲਾਂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸੋਸ਼ਲ ਮੀਡੀਆ ਪਲੇਟਫਾਰਮ X 'ਤੇ ਅਰਧ-ਚੱਕਰ ਆਸਨ ਦੀ ਇੱਕ ਵੀਡੀਓ ਕਲਿੱਪ ਸਾਂਝੀ ਕੀਤੀ ਏ। ਵੀਡੀਓ ਨੂੰ ਸਾਂਝਾ ਕਰਦੇ ਹੋਏ, ਪ੍ਰਧਾਨ ਮੰਤਰੀ ਨੇ, ਲੋਕਾਂ ਨੂੰ ਸਿਹਤਮੰਦ ਦਿਲ ਅਤੇ ਖ਼ੂਨ ਦੇ ਪ੍ਰਵਾਹ ਵਿੱਚ ਸੁਧਾਰ ਲਈ ਇਸ ਆਸਨ ਦਾ ਅਭਿਆਸ ਕਰਨ ਦੀ ਅਪੀਲ ਕੀਤੀ। ਕਲਿੱਪ ਵਿੱਚ ਸਿਹਤ ਫਾਇਦਿਆਂ ਦੇ ਨਾਲ-ਨਾਲ ਇਸ ਆਸਨ ਨੂੰ ਕਿਵੇਂ ਕਰਨਾ ਏ, ਇਸ ਬਾਰੇ ਵੀ ਦੱਸਿਆ ਗਿਆ ਏ।

---------------------------------------------------------------

ਇਸ ਵਾਰ ਵੀ ਯੋਗ ਦਿਵਸ ਨੂੰ ਲੈਕੇ, ਲੋਕਾਂ ਵਿਚ ਬਹੁਤ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਏ। ਜ਼ਿਲਾ ਫਾਜ਼ਿਲਕਾ ਤੇ ਗੁਰਦਾਸਪੁਰ ਤੋਂ ਯੋਗ ਮਾਹਰਾਂ ਅਤੇ ਲੋਕਾਂ ਦਾ ਕਹਿਣਾ ਏ, ਯੋਗ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾ ਕੇ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਦੇ ਨਾਲ ਨਾਲ ਚੰਗੇ ਸਮਾਜ ਦੀ ਸੁਰਜਣਾ ਵੀ ਹੁੰਦੀ ਏ।

----------------------------------------------------------------

ਪੰਜਾਬ ਰਾਜ ਮਹਿਲਾ ਕਮਿਸ਼ਨ ਨੇ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਉਸ ਫੈਸਲੇ ਦੀ ਸ਼ਲਾਘਾ ਕੀਤੀ ਏ  ਜਿਸ ਵਿੱਚ ਕਿਹਾ ਗਿਆ ਏ  ਕਿ ਗਰਭਵਤੀ ਔਰਤਾਂ ਅਤੇ ਛੋਟੇ ਬਚਿਆ ਮਾਵਾਂ ਨੂੰ, ਗੰਭੀਰ ਅਪਰਾਧਾਂ ਵਾਲੇ ਮਾਮਲਿਆਂ ਵਿੱਚ ਵੀ, ਤਰਸ ਦੇ ਆਧਾਰ ‘ਤੇ ਜੇਲ੍ਹ ਤੋਂ ਰਿਹਾਈ ਦਿੱਤੀ ਜਾਣੀ ਚਾਹੀਦੀ ਏ। ਚੇਅਰਪਰਸਨ ਰਾਜ ਲਾਲੀ ਗਿੱਲ ਨੇ  ਜਸਟਿਸ ਅਨੂਪ ਚਿਤ-ਕਾਰਾ ਦੇ ਫੈਸਲੇ ਦਾ ਸਮਰਥਨ ਕਰਦਿਆਂ ਇਸਨੂੰ ਜੇਲ੍ਹ ਵਿੱਚ ਬੰਦ ਔਰਤਾਂ ਦੇ ਅਧਿਕਾਰਾਂ ਅਤੇ ਸਨਮਾਨ ਨੂੰ ਬਰਕਰਾਰ ਰੱਖਣ ਲਈ ਕਮਿਸ਼ਨ ਦੇ ਯਤਨਾਂ ਦੀ ਦਿਸ਼ਾ ਵਿੱਚ ਅਹਿਮ

ਕਦਮ ਦੱਸਿਆ ਏ। ਉਨ੍ਹਾਂ ਕਿਹਾ ਕਿ ਇਹ ਫੈਸਲਾ ਇਨਾ ਔਰਤਾਂ ਦੀਆਂ ਮੌਲਿਕ ਜ਼ਰੂਰਤਾਂ ਨੂੰ ਸਮਝਦਾ ਏ ਅਤੇ ਮਾਵਾਂ ਅਤੇ ਉਨ੍ਹਾਂ ਦੇ ਬੱਚਿਆਂ ਦੀ ਸਿਹਤ ਅਤੇ ਤੰਦਰੁਸਤੀ ਨੂੰ ਤਰਜੀਹ ਦਿੰਦਾ ਏ।

------------------------------------------------------------------

ਪੰਜਾਬ ਸਰਕਾਰ ਵੱਲੋਂ ਗਰਭਵਤੀ ਔਰਤਾਂ ਅਤੇ ਛੋਟੇ ਬਚਿਆ ਦੀਆਂ ਮਾਵਾਂ ਦੇ ਪੋਸ਼ਣ ਅਤੇ ਸਿਹਤ ਸਥਿਤੀ ਨੂੰ ਉੱਚਾ ਚੁੱਕਣ ਲਈ ਮਾਤਰੁ ਵੰਡਣਾ ਯੋਜਨਾ ਤਹਿਤ ਚਾਲੂ ਵਿੱਤੀ ਸਾਲ ਦੌਰਾਨ 60 ਕਰੋੜ ਰੁਪਏ ਦੇ ਵਿੱਤੀ ਲਾਭ ਦਿਤੇ ਜਾਣਗੇ। ਇਸ ਦੀ ਸ਼ੁਰੁਆਤ ਜੂਨ ਮਹੀਨੇ ਵਿੱਚ ਲਗਭਗ 25 ਕਰੋੜ ਰੁਪਏ ਦੇ ਵਿੱਤੀ ਲਾਭ ਔਰਤ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਟਰਾਂਸਫਰ ਕਰਕੇ ਕੀਤੀ ਜਾਵੇਗੀ। ਸਮਾਜਿਕ ਸੁਰੱਖਿਆ, ਔਰਤ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਚੰਡੀਗੜ੍ਹ ਚ ਇਹ ਗੱਲ ਕਹੀ। ਉਨ੍ਹਾਂ ਦੱਸਿਆ ਕਿ ਇਸ ਸਕੀਮ ਤਹਿਤ ਸੂਬੇ ਵਿੱਚ ਪਿਛਲੇ ਵਿੱਤੀ ਸਾਲ ਦੌਰਾਨ 96 ਹਜ਼ਾਰ 44 ਔਰਤ ਲਾਭਪਾਤਰੀਆਂ ਨੂੰ 42 ਕਰੋੜ ਰੁਪਏ ਵੰਡੇ ਜਾ ਚੁੱਕੇ ਨੇ। ਉਨ੍ਹਾਂ ਦੱਸਿਆ ਕਿ ਇਸ ਰਕਮ

ਵਿੱਚੋ ਦੂਜਾ ਬੱਚਾ ਬੇਟੀ ਦੇ ਜਨਮ 'ਤੇ 42 ਹਜ਼ਾਰ 592 ਔਰਤਾਂ ਨੂੰ ਲਗਭਗ 25 ਕਰੋੜ 55 ਲੱਖ ਰੁਪਏ ਦੇ ਵਿੱਤੀ ਲਾਭ ਦਿੱਤੇ ਗਏ।

---------------------------------------------------------

ਪੰਜਾਬ ਵਿਚ ਅੱਤ ਦੀ ਗਰਮੀ ਦਾ ਕਹਿਰ ਲਗਾਤਾਰ ਜਾਰੀ ਏ। ਤਪਦੇ ਸੂਰਜ ਅਤੇ ਵਗਦੀ ਲੂ ਨੇ ਲੋਕਾਂ ਦਾ ਘਰੋਂ ਨਿਕਲਣਾ ਮੁਸ਼ਕਿਲ ਕੀਤਾ ਹੋਇਆ ਏ। ਇਸ ਅੱਤ ਦੀ ਗਰਮੀ ਨੇ ਆਮ ਜਨ ਜੀਵਨ ਨੂੰ ਬਹੁਤ ਪ੍ਰਭਾਵਿਤ ਕੀਤਾ ਹੋਇਆ ਏ। ਓਧਰ ਮੌਸਮ ਵਿਭਾਗ ਵੱਲੋਂ ਆਉਣ ਵਾਲੇ ਦਿਨਾਂ ਵਿਚ ਤੇਜ਼ ਗਰਮੀ ਦੀ ਕੀਤੀ ਭਵਿੱਖਬਾਣੀ ਦੇ ਮੱਦੇਨਜ਼ਰ, ਬਟਾਲਾ ਦੇ SMO ਡਾ. ਰਵਿੰਦਰ ਸਿੰਘ ਨੇ ਲੋਕਾਂ ਨੂੰ ਸਾਵਧਾਨੀਆਂ ਵਰਤਨ ਦੀ ਅਪੀਲ ਕੀਤੀ ਏ। ਉਨ੍ਹਾਂ ਨੇ ਕਿਹਾ ਕਿ ਪਿਛਲੇ ਕੁਝ ਸਮੇਂ ਤੋਂ ਬਹੁਤ ਜਿਆਦਾ ਗਰਮੀ ਅਤੇ ਲੂ ਵਗ ਰਹੀ ਏ ਤੇ ਆਉਣ ਵਾਲੇ ਦਿਨਾ ਗਰਮੀ ਦੇ ਹੋਰ ਵਧਣ ਦੀ ਸੰਭਾਵਨਾ ਏ। ਉਨ੍ਹਾ ਕਿਹਾ ਕਿ ਬੱਚਿਆਂ ਅਤੇ ਬਜੁਰਗਾਂ, ਗਰਭਵਤੀ ਔਰਤਾਂ, ਮੋਟਾਪੇ ਤੋਂ ਪੀੜਤ ਲੋਕ, ਦਿਲ ਦੇ ਮਰੀਜ਼, ਸਰੀਰਕ ਰੂਪ ਨਾਲ ਕਮਜ਼ੋਰ ਲੋਕ ਤੇ ਕੁਝ ਵਿਸ਼ੇਸ਼ ਦਵਾਈਆਂ ਖਾਣ ਵਾਲੇ ਲੋਕਾਂ ਨੂੰ ਗਰਮੀ ਲੱਗਣ ਦਾ ਜਿਆਦਾ ਖਤਰਾ ਹੁੰਦਾ ਏ। ਇਸ

ਲਈ ਇਨਾ ਦਾ ਖ਼ਾਸ ਧਿਆਨ ਰੱਖਣ ਦੀ ਲੋੜ ਹੁੰਦੀ ਏ। ਲੂਅ ਲੱਗਣ ਨਾਲ ਸਰੀਰ ਨੂੰ ਬੇਚੈਨੀ ਅਤੇ ਘਬਰਾਹਟ, ਅੱਖਾਂ ਦੇ ਸਾਹਮਣੇ ਹਨੇਰਾ ਛਾ ਜਾਣਾ, ਚੱਕਰ ਆਉਣੇ , ਚਿੜਚਿੜਾਪਨ ਹੋਣ ਵਰਗੇ ਲੱਛਣ ਵਿਖਾਈ ਦੇਣ ਤੇ ਤੁਰੰਤ ਡਾਕਟਰ ਕੋਲ ਜਾਣਾ ਚਾਹੀਦਾ ਏ। ਉਨ੍ਹਾ ਲੋਕਾਂ ਨੂੰ ਅਪੀਲ ਕੀਤੀ ਕਿ ਗਰਮੀ ਚ ਲੂਅ ਤੋਂ ਬਚਣ ਦੇ ਲਈ ਪਾਣੀ, ਨਿੰਬੂ ਪਾਣੀ, ਲੱਸੀ, ਓ.ਆਰ.ਐੱਸ. ਦੇ ਘੋਲ ਲਿਆ ਜਾਵੇ ਅਤੇ ਦੁਪਹਿਰ ਦੇ ਵੇਲੇ ਬਹੁਤ ਜਿਆਦਾ ਜਰੂਰੀ ਹੋਣ ਤੇ ਹੀ ਨਿਕਲਿਆ ਜਾਵੇ । ਉਨ੍ਹਾ ਕਿਹਾ ਕਿ ਜ਼ਿਆਦਾ ਮਸਾਲੇਦਾਰ ਭੋਜਨ ਅਤੇ ਬਜ਼ਾਰ ਦੇ ਖਾਣੇ ਤੋਂ ਪ੍ਰਹੇਜ਼ ਕੀਤਾ ਜਾਵੇ, ਕੁਲਰ ਜਾਂ ਏ.ਸੀ. ਵਾਲੇ ਕਮਰੇ ਵਿੱਚ ਬੈਠਣ ਤੋਂ ਬਾਅਦ, ਇੱਕ ਦਮ ਧੁੱਪ ਵਿੱਚ ਨਾ ਨਿਕਲਿਆ ਜਾਵੇ ।

---------------------------------------------------------------

ਬਠਿੰਡਾ ਵਿਖੇ ਨੰਦਗੜ੍ਹ ਪੁਲਿਸ ਪਾਰਟੀ ਨੇ ਇਕ ਨੌਜਵਾਨ ਪਾਸੋਂ ਪੰਜ ਕਿਲੋ ਚੂਰਾ ਪੋਸਤ ਬਰਾਮਦ ਕੀਤਾ ਏ । ਹਿੰਦੁਸਥਾਨ ਖਬਰ ਏਜੇਂਸੀ ਤੋਂ ਮਿਲੀ ਜਾਣਕਾਰੀ ਮੁਤਾਬਿਕ ਪੁਲਿਸ ਪਾਰਟੀ ਵਲੋਂ ਸ਼ੱਕ ਪੈਣ ’ਤੇ ਤੁਰੇ ਆਉਂਦੇ ਵਿਅਕਤੀ ਨੂੰ ਰੋਕ ਕੇ ਉਸ ਦੀ ਤਲਾਸ਼ੀ ਲਈ ਗਈ ਤਾਂ ਉਸਦੇ

ਕੋਲੋਂ ਪੰਜ ਕਿਲੋ ਚੂਰਾ ਪੋਸਤ ਬਰਾਮਦ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਕਾਬੂ ਕੀਤੇ ਗਏ ਨੌਜਵਾਨ ਦੀ ਪਛਾਣ ਪਿੰਡ ਘੁੱਦਾ ਦੇ ਜਗਸੀਰ ਸਿੰਘ ਵਜੋਂ ਹੋਈ ਏ। ਇਸਦੇ  ਖ਼ਿਲਾਫ਼ ਨਸ਼ਿਆਂ ਨੂੰ ਰੋਕਣ ਬਾਰੇ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਏ।